ਸੇਵਾ ਵਿਖੇ

ਕੈਪਟਨ ਅਮਰਿੰਦਰ ਸਿੰਘ ਜੀ,
ਮੁੱਖ ਮੰਤਰੀ, ਪੰਜਾਬ

**ਵਿਸ਼ਾ: ਪੰਜਾਬ ਦੇ ਇਤਿਹਾਸਕ, ਵਿਰਾਸਤੀ ਅਤੇ ਸਨਅਤੀ ਸ਼ਹਿਰ ਬਟਾਲਾ ਨੂੰ ਜ਼ਿਲਾ ਬਣਾਉਣ ਬਾਰੇ।**

ਬਟਾਲਾ ਪੰਜਾਬ ਦਾ ਉਹ ਅਹਿਮ ਸ਼ਹਿਰ ਹੈ ਜਿਸ ਨਾਲ ਸਾਡੀ ਅਮੀਰ ਇਤਿਹਾਸਕ, ਧਾਰਮਿਕ, ਸਮਾਜਿਕ ਅਤੇ ਸਾਹਿਤਕ ਵਿਰਾਸਤ ਜੁੜੀ ਹੋਈ ਹੈ।

ਬਠਿੰਡਾ ਤੋਂ ਬਾਅਦ ਬਟਾਲਾ ਪੰਜਾਬ ਦਾ ਸਭ ਤੋਂ ਪੁਰਾਣਾ ਸ਼ਹਿਰ ਹੈ ਜਿਸ ਦੀ ਨੀਂਹ 1465 ਵਿਚ ਰੱਖੀ ਗਈ ਸੀ।ਆਬਾਦੀ ਪੱਖੋਂ ਵੀ ਇਹ ਪੰਜਾਬ ਦਾ ਅੱਠਵਾਂ ਸਭ ਤੋਂ ਵੱਡਾ ਸ਼ਹਿਰ ਹੈ ਜਿੱਥੇ ਪਿਛਲੇ ਸਾਲ ਹੀ ਨਗਰ ਨਿਗਮ ਬਣਾਈ ਗਈ ਹੈ।

ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਵਿਆਹ ਇਸੇ ਸ਼ਹਿਰ ਵਿਚ ਮਾਤਾ ਸੁਲੱਖਣੀ ਜੀ ਨਾਲ 8 ਜੁਲਾਈ 1487 ਵਿਚ ਹੋਇਆ ਸੀ।ਉਹਨਾਂ ਦੀ ਯਾਦ ਵਿਚ ਇਥੇ ਗੁਰਦੁਆਰਾ ਡੇਰਾ ਸਾਹਿਬ ਅਤੇ ਗੁਰਦੁਆਰਾ ਕੰਧ ਸਾਹਿਬ ਸੁਸ਼ੋਭਤ ਹਨ।ਸ੍ਰੀ ਗੁਰੂ ਹਰਗੋਬਿੰਦ ਜੀ ਆਪਣੇ ਪੁੱਤਰ ਬਾਬਾ ਗੁਰਦਿੱਤਾ ਜੀ ਨੂੰ ਵਿਆਹੁਣ ਵੀ ਬਟਾਲਾ ਹੀ ਆਏ ਸਨ ਅਤੇ ਉਹਨਾਂ ਦੀ ਯਾਦ ਵਿਚ ਸ਼ਹਿਰ ਦੇ ਵਿਚਕਾਰ ਗੁਰਦੁਆਰਾ ਸਤਿ ਕਰਤਾਰੀਆ ਸੁਸ਼ੋਭਤ ਹੈ।

No. S/RDPM/2021/512
ਮਿ. 03/09/2021

ਮਹਾਰਾਜਾ ਰਣਜੀਤ ਸਿੰਘ ਦੇ ਰਾਜ ਦੌਰਾਨ ਲਾਹੌਰ ਅਤੇ ਅੰਮ੍ਰਿਤਸਰ ਤੋਂ ਬਾਅਦ ਬਟਾਲਾ ਸਿੱਖ ਰਾਜ ਦਾ ਇੱਕ ਅਹਿਮ ਸ਼ਹਰਿ ਸੀ।ਇਸ ਰਾਜ ਵੇਲੇ ਦੀਆਂ ਵਿਰਾਸਤੀ ਇਮਾਰਤਾਂ ਅੱਜ ਵੀ ਮੌਜੂਦ ਹਨ ਜਿਨ੍ਹਾਂ ਵਿਚੋਂ ਮਹਾਰਾਜਾ ਸ਼ੇਰ ਸਿੰਘ ਦਾ ਮਹੱਲ ਅਤੇ ਜਲ ਮਹੱਲ (ਬਾਰਾਂਦਰੀ) ਵਿਸ਼ੇਸ਼ ਹਨ।

ਇਤਿਹਾਸਕ ਕਾਲੀ ਦਵਾਰਾ ਮੰਦਰ ਅਤੇ ਸਤੀ ਲਕਸ਼ਮੀ ਦੇਵੀ ਸਮਾਧ ਤੋਂ ਬਿਨਾਂ ਇਸ ਸ਼ਹਿਰ ਦੇ ਨਜ਼ਦੀਕ ਹੀ ਅੱਚਲ ਸਾਹਿਬ ਦਾ ਉਹ ਇਤਿਹਾਸਕ ਅਸਥਾਨ ਹੈ ਜਿੱਥੇ ਭਗਵਾਨ ਸ਼ਿਵ ਜੀ ਦੇ ਪੁੱਤਰ ਦੇਵਤਾ ਕਾਰਤਿਕ ਦੀ ਯਾਦ ਵਿਚ ਅਚਲੇਸ਼ਵਰ ਧਾਮ ਸੁਸ਼ੋਭਤ ਹੈ।ਅੱਚਲ ਸਾਹਿਬ ਜੀ ਦੇ ਅਸਥਾਨ ਉੱਤੇ ਹੀ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਸਿੱਧਾਂ ਨਾਲ ਗੋਸ਼ਟ ਕੀਤੀ ਸੀ।

ਬਟਾਲਾ ਸ਼ਹਿਰ ਵਿਚ 1878 ਵਿਚ ਇੱਕ ਸਕੂਲ ਵਜੋਂ ਸ਼ੁਰੂ ਹੋਇਆ ਮਸ਼ਹੂਰ ਬੇਰਿੰਗ ਯੂਨੀਅਨ ਕ੍ਰਿਸਚੀਅਨ ਕਾਲਜ ਵੀ ਮੌਜੂਦ ਹੈ, ਜੋ ਕ੍ਰਿਸਚੀਅਨ ਭਾਈਚਾਰੇ ਦੀ ਅਹਿਮ ਵਿਰਾਸਤ ਹੈ।

ਸਭਿਆਚਾਰਕ ਅਤੇ ਸਾਹਿਤਕ ਪੱਖ ਤੋਂ ਵੇਖਿਆ ਜਾਵੇ ਤਾਂ ਦੁਨੀਆਂ ਭਰ ਵਿਚ ਵਸਦਾ ਕੋਈ ਪੰਜਾਬੀ ਅਜਿਹਾ ਨਹੀਂ ਹੋਣਾ ਜਿਸ ਨੇ ਮਹਾਨ ਪੰਜਾਬੀ ਕਵੀ ਸ਼ਿਵ ਕੁਮਾਰ ਬਟਾਲਵੀ ਦਾ ਨਾਂ ਨਾ ਸੁਣਿਆ ਹੋਵੇ। ਦੁਨੀਆਂ ਭਰ ਵਿਚ ਬਟਾਲੇ ਦਾ ਨਾਂ ਮਸ਼ਹੂਰ ਕਰਨ ਵਾਲੇ ਅਤੇ ਜੋਬਨ ਰੁੱਤੇ ਤੁਰ ਜਾਣ ਵਾਲੇ ਇਸ ਕਵੀ ਨੂੰ ਸਾਹਿਤਕ ਖੇਤਰ ਵਿਚ ਬਿਰਹਾ ਦੇ ਕਵੀ ਅਤੇ ਪੰਜਾਬੀ ਦੇ ਕੀਟਸ ਵਜੋਂ ਜਾਣਿਆ ਜਾਂਦਾ ਹੈ।

ਸਾਡੀ ਆਪ ਜੀ ਨੂੰ ਬੇਨਤੀ ਹੈ ਕਿ ਬਟਾਲਾ ਨਾਲ ਜੁੜੀ ਅਮੀਰ ਇਤਿਹਾਸਕ, ਧਾਰਮਿਕ, ਸਭਿਆਚਾਰਕ ਅਤੇ ਸਾਹਿਤਕ ਵਿਰਾਸਤ ਨੂੰ ਧਿਆਨ ਵਿਚ ਰੱਖਦਿਆਂ ਇਸ ਨੂੰ ਪੰਜਾਬ ਦਾ ਚੌਵੀਵਾਂ ਜ਼ਿਲਾ ਬਣਾਇਆ ਜਾਵੇ। ਬਟਾਲਾ ਨੂੰ ਪੁਲੀਸ ਜ਼ਿਲਾ ਹੋਣ ਕਾਰਨ ਇਥੇ ਨਵੇਂ ਜ਼ਿਲ੍ਹੇ ਲਈ ਲੋੜੀਂਦੇ ਬੁਨਿਆਦੀ ਢਾਂਚੇ ਦੀਆਂ ਬਹੁਤੀਆਂ ਲੋੜਾਂ ਪਹਿਲਾਂ ਹੀ ਮੌਜੂਦ ਹਨ। ਬਟਾਲਾ ਨੂੰ ਜ਼ਿਲਾ ਬਣਾਉਣ ਨਾਲ ਇਸ ਇਤਿਹਾਸਕ ਸ਼ਹਿਰ ਦਾ ਢੁੱਕਵਾਂ ਵਿਕਾਸ ਹੋ ਸਕੇਗਾ। ਆਪ ਜੀ ਨੂੰ ਸਾਡਾ ਇਹ ਵੀ ਸੁਝਾਅ ਹੈ ਕਿ ਬਟਾਲਾ ਨੂੰ ਜ਼ਿਲਾ ਬਣਾਉਣ ਦਾ ਐਲਾਨ ਬਾਬੇ ਨਾਨਕ ਦੇ ਵਿਆਹ ਦੀ ਇਸੇ ਮਹੀਨੇ ਦੀ 13 ਤਰੀਕ ਨੂੰ ਆ ਰਹੀ ਵਰੇਗੰਢ ਮੌਕੇ ਜਾਂ ਉਸ ਤੋਂ ਪਹਿਲਾਂ ਕਰਨਾ ਚਾਹੀਦਾ ਹੈ।

ਸਾਡੀ ਇਹ ਵੀ ਬੇਨਤੀ ਹੈ ਕਿ ਇਸ ਦੇ ਨਾਲ ਹੀ ਇਤਿਹਾਸਕ ਕਸਬਿਆਂ ਫਤਹਿਗੜ੍ਹ ਚੂੜੀਆਂ ਅਤੇ ਸ੍ਰੀ ਹਰਗੋਬਿੰਦਪੁਰ ਜਾਂ ਘੁਮਾਣ ਨੂੰ ਇਸ ਨਵੇਂ ਜ਼ਿਲੇ ਦੀਆਂ ਨਵੀਆਂ ਸਬ-ਡਿਵੀਜਨਾਂ ਬਣਾਈਆਂ ਜਾਣ।

ਸਾਡੀ ਇਹ ਵੀ ਬੇਨਤੀ ਹੈ ਕਿ ਇਸ ਅਹਿਮ ਮਾਮਲੇ ਉੱਤੇ ਵਿਚਾਰ ਵਟਾਂਦਰਾ ਕਰਨ ਲਈ ਸਾਨੂੰ ਜਲਦ ਹੀ ਦਸ ਕੁ ਮਿੰਟ ਦਾ ਸਮਾਂ ਦਿੱਤਾ ਜਾਵੇ।

ਸਤਿਕਾਰ ਸਹਿਤ

ਸੁਖਜਿੰਦਰ ਸਿੰਘ

(ਸੁਖਜਿੰਦਰ ਸਿੰਘ ਰੰਧਾਵਾ)

ਕੈਬਨਿਟ ਮੰਤਰੀ

(ਤ੍ਰਿਪਤ ਰਜਿੰਦਰ ਸਿੰਘ ਬਾਜਵਾ)

ਕੈਬਨਿਟ ਮੰਤਰੀ